Vigilance Bureau Punjab

# NO PARTY TO BE CALLED TO BUREAU OFFICES ON DIWALI : VIGILANCE BUREAU DIRECTS

Chandigarh, November 13 :

The Punjab Vigilance Bureau (VB) has instructed its all ranges that no individual or accused involved in any vigilance enquiry or lawsuit would be called to the bureau's office or VB police stations in any district or headquarters on the eve of Diwali.

Disclosing this here today, an official spokesperson of VB said the decision has been taken that no officer/official of the VB across the state would harass anyone or use any other tactic to create hardship for any person in the name of Diwali.

At the same time, the VB clarified that if any officer/ official was found taking bribe in the name of Diwali, then such guilty person would not be spared. He added that the senior officers of the bureau have directed all the vigilance range officers/staff to strictly follow the orders.

413401/2020

--------------

ਵਿਜੀਲੈਂਸ ਬਿਊਰੋ ਪੰਜਾਬ

## ਦੀਵਾਲੀ ਮੌਕੇ ਕਿਸੇ ਵੀ ਧਿਰ ਨੂੰ ਦਫਤਰ ਨਾ ਸੱਦਿਆ ਜਾਵੇ : ਵਿਜੀਲੈਂਸ ਬਿਊਰੋ ਵੱਲੋਂ ਆਦੇਸ਼

ਚੰਡੀਗੜ੍ਹ 13 ਨਵੰਬਰ : ਪੰਜਾਬ ਵਿਜੀਲੈਂਸ ਬਿਊਰੋ ਨੇ ਆਪਣੀਆਂ ਵੱਖ-ਵੱਖ ਰੇਂਜਾਂ ਨੂੰ ਹਦਾਇਤ ਕੀਤੀ ਹੈ ਕਿ ਕਿਸੇ ਵੀ ਜ਼ਿਲ੍ਹੇ ਵਿੱਚ ਜਾਂ ਸਦਰ ਮੁਕਾਮ ਉੱਤੇ ਕਿਸੇ ਵਿਜੀਲੈਂਸ ਜਾਂਚ ਜਾਂ ਵਿਜੀਲੈਂਸ ਮੁਕੱਦਮੇ ਨਾਲ ਸਬੰਧਤ ਕਿਸੇ ਵੀ ਧਿਰ ਨੂੰ ਬਿਊਰੋ ਦੇ ਦਫਤਰ ਜਾਂ ਥਾਣੇ ਨਹੀਂ ਬੁਲਾਇਆ ਜਾਵੇਗਾ।

ਅੱਜ ਇੱਥੇ ਇਹ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਕੌਮੀ ਤਿਉਹਾਰ ਦੀਵਾਲੀ ਨੂੰ ਮੁੱਖ ਰੱਖਦੇ ਹੋਏ ਅਜਿਹਾ ਫੈਸਲਾ ਲਿਆ ਗਿਆ ਹੈ ਤਾਂ ਜੋ ਰਾਜ ਵਿੱਚ ਵਿਜੀਲੈਂਸ ਬਿਉਰੋ ਦੇ ਕਿਸੇ ਵੀ ਅਧਿਕਾਰੀ/ਮੁਲਾਜ਼ਮ ਵੱਲੋਂ ਦੀਵਾਲੀ ਦੇ ਨਾਂ ਉੱਪਰ ਕਿਸੇ ਵੀ ਵਿਅਕਤੀ ਨੂੰ ਪ੍ਰੇਸ਼ਾਨ ਨਾ ਕੀਤਾ ਜਾਵੇ ਜਾਂ ਅਜਿਹਾ ਕੋਈ ਹੋਰ ਹਰਬਾ ਨਾ ਵਰਤਿਆ ਜਾਵੇ ਜਿਸ ਨਾਲ ਕਿਸੇ ਵਿਅਕਤੀ ਨੂੰ ਪਰੇਸ਼ਾਨੀ ਦਰਪੇਸ਼ ਹੋਵੇ।

ਇਸ ਦੇ ਨਾਲ ਹੀ ਬਿਊਰੋ ਨੇ ਸਪਸ਼ਟ ਕੀਤਾ ਹੈ ਕਿ ਜੇਕਰ ਕੋਈ ਅਧਿਕਾਰੀ/ਕਰਮਚਾਰੀ ਦੀਵਾਲੀ ਦੇ ਨਾਮ ਉਪਰ ਰਿਸ਼ਵਤ ਲੈਂਦਾ ਪਾਇਆ ਗਿਆ ਤਾਂ ਅਜਿਹੇ ਦੋਸ਼ੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਬਿਊਰੋ ਦੇ ਉੱਚ ਅਧਿਕਾਰੀਆਂ ਨੇ ਸਮੂਹ ਖੇਤਰੀ ਵਿਜੀਲੈਂਸ ਅਧਿਕਾਰੀਆਂ/ਕਰਮਚਾਰੀਆਂ ਨੂੰ ਇਨ੍ਹਾਂ ਹੁਕਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਤਾਕੀਦ ਕੀਤੀ ਹੈ।

-----------